# ਪ੍ਰੈਸ ਨੋਟ

**ਖਾਲਸਾ ਕਾਲਜ ਦੇ ਜੈਂਡਰ ਚੈਪੀਅਨਜ਼ ਕਲੱਬ ਨੇ 'ਲਿੰਗ ਸਮਾਨਤਾ' ਵਿਸ਼ੇ 'ਤੇ ਨੁੱਕੜ ਨਾਟਕ ਖੇਡਿਆ**

**ਪੱਖਪਾਤੀ ਦ੍ਰਿਸ਼ਟੀ ਨੂੰ ਬਦਲ ਕੇ ਜੈਂਡਰ ਬਰਾਬਰੀ ਨੂੰ ਅਪਣਾਉਣਾ ਅਜੋਕੇ ਸਮੇਂ ਦੀ ਮੁੱਖ ਲੋੜ -ਡਾ. ਮਹਿਲ ਸਿੰਘ**

ਅੰਮ੍ਰਿਤਸਰ 13 ਫਰਵਰੀ 2019 ( ) ਸਥਾਨਕ ਖਾਲਸਾ ਕਾਲਜ ਦੇ ਜੈਂਡਰ ਚੈਂਪੀਅਨਜ਼ ਕਲੱਬ ਵੱਲੋਂ ਲਿੰਗ ਵਿਤਕਰੇ ਪ੍ਰਤੀ ਜਨਸਧਾਰਣ ਨੂੰ ਜਾਗਰੂਕ ਕਰਨ ਦੀ ਮੁਹਿੰਮ ਤਹਿਤ ਕਾਲਜ ਦੇ ਵਿਦਿਆਰਥੀਆਂ ਵੱਲੋਂ 'ਲਿੰਗ ਸਮਾਨਤਾ'' ਵਿਸ਼ੇ ਉਪਰ ਤਿਆਰ ਨੁੱਕੜ ਨਾਟਕ ਖਾਲਸਾ ਕਾਲਜ ਚਵਿੰਡਾ ਦੇਵੀ ਅਤੇ ਪਿੰਡ ਲਹਿਰਕਾ ਵਿਖੇ ਖੇਡਿਆ ਗਿਆ।ਇਸ ਮਕਸਦ ਲਈ ਜੈਂਡਰ ਚੈਂਪੀਅਨਜ਼ ਕਲੱਬ ਦੇ ਵਿਦਿਆਰਥੀਆਂ ਨੂੰ ਕਾਲਜ ਬੱਸ ਰਾਹੀਂ ਰਵਾਨਾ ਕਰਦਿਆਂ ਪ੍ਰਿੰਸੀਪਲ ਡਾ. ਮਹਿਲ ਸਿੰਘ ਨੇ ਕਿਹਾ ਕਿ ਵਿਗਿਆਨ ਅਤੇ ਤਕਨਾਲੋਜੀ ਦੇ ਇਸ ਯੁੱਗ ਵਿਚ ਸਾਨੂੰ ਆਪਣੀ ਪਿਛਾਹ-ਖਿਚੂ ਸੋਚ ਨੂੰ ਬਦਲ ਕੇ ਸਮੇਂ ਦੇ ਹਾਣੀ ਬਣਨਾ ਪਵੇਗਾ।ਉਹਨਾਂ ਕਿਹਾ ਕਿ ਪੁਰਸ਼ ਅਤੇ ਇਸਤਰੀ ਦੇ ਭੇਦ ਵਾਲੀ ਪੱਖਪਾਤੀ ਦ੍ਰਿਸ਼ਟੀ ਨੂੰ ਬਦਲ ਕੇ ਜੈਂਡਰ ਬਰਾਬਰੀ ਨੂੰ ਅਪਣਾਉਣਾ ਅਜੋਕੇ ਸਮੇਂ ਦੀ ਮੁੱਖ ਲੋੜ ਹੈ।ਉਹਨਾਂ ਅੱਗੇ ਕਿਹਾ ਕਿ ਲਿੰਗ ਸਮਾਨਤਾ ਦਾ ਸੁਨੇਹਾ ਪਿੰਡਾਂ ਤੱਕ ਪਹੁੰਚਾਉਣ ਲਈ ਲਈ ਭਰਪੂਰ ਉਪਰਾਲੇ ਕਰਨ ਦੀ ਜ਼ਰੂਰਤ ਹੈ।ਇਸ ਮੌਕੇ ਪ੍ਰੋ. ਸੁਖਮੀਨ ਬੇਦੀ ਡੀਨ ਅਕਾਦਮਿਕ ਮਾਮਲੇ ਨੇ ਜੈਂਡਰ ਚੈਂਪੀਅਨਜ਼ ਕਲੱਬ ਦੇ ਉਪਰਾਲਿਆਂ ਦੀ ਸਰਾਹਨਾ ਕਰਦਿਆਂ ਜੈਂਡਰ ਬਰਾਬਰੀ ਨੂੰ ਵਿਹਾਰ ਵਿਚ ਢਾਲਣ ਦੀ ਲੋੜ ਉਪਰ ਜ਼ੋਰ ਦਿੱਤਾ।

ਖਾਲਸਾ ਕਾਲਜ ਦੇ ਵਿਦਿਆਰਥੀਆਂ ਵੱਲੋਂ ਲਿੰਗ ਸਮਾਨਤਾ ਵਿਸ਼ੇ ਉਪਰ ਰਜਿਸਟਰਾਰ ਪ੍ਰੋ. ਦਵਿੰਦਰ ਸਿੰਘ ਦੁਆਰਾ ਲਿਖਿਆ ਅਤੇ ਸ੍ਰੀ ਅਮਿਨੂਲ ਸਿੰਘ ਦੁਆਰਾ ਨਿਰਦੇਸ਼ਿਤ ਭਾਵਪੂਰਤ ਨੁੱਕੜ ਨਾਟਕ ਖਾਲਸਾ ਕਾਲਜ ਚਵਿੰਡਾ ਦੇਵੀ ਅਤੇ ਪਿੰਡ ਲਹਿਰਕਾ ਵਿਖੇ ਖੇਡਿਆ ਗਿਆ, ਜਿਸ ਨੂੰ ਇਲਾਕਾ ਵਾਸੀਆਂ ਵੱਲੋਂ ਭਰਪੂਰ ਹੁੰਗਾਰਾ ਮਿਲਿਆ।ਉਹਨਾਂ ਵੱਲੋਂ ਇਸ ਉਪਰਾਲੇ ਲਈ ਖਾਲਸਾ ਕਾਲਜ ਅਤੇ ਵਿਸ਼ੇਸ਼ ਰੂਪ ਵਿਚ ਪ੍ਰਿੰਸੀਪਲ ਡਾ. ਮਹਿਲ ਸਿੰਘ ਹੋਰਾਂ ਦੀ ਸ਼ਲਾਘਾ ਕੀਤੀ ਗਈ।

ਖਾਲਸਾ ਕਾਲਜ ਚਵਿੰਡਾ ਦੇਵੀ ਅਤੇ ਲਹਿਰਕਾ ਪਿੰਡ ਵਿੱਚ ਜੈਂਡਰ ਚੈਂਪੀਅਨ ਕਲੱਬ ਦੇ ਨੋਡਲ ਅਫਸਰ ਡਾ.ਸਵਰਾਜ ਕੌਰ ਨੇ ਇਲਾਕਾ ਵਾਸੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਮਾਜ ਨੂੰ ਇਸਤਰੀ ਅਤੇ ਪੁਰਸ਼ ਪ੍ਰਤੀ ਪੱਖਪਾਤੀ ਸੋਚ ਨੂੰ ਬਦਲਣਾ ਪਵੇਗਾ। ਜੈਂਡਰ ਚੈਂਪੀਅਨ ਕਲੱਬ ਦੇ ਨੋਡਲ ਅਫਸਰ ਡਾ. ਪਰਮਿੰਦਰ ਸਿੰਘ ਨੇ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਆਖਿਆ ਕਿ ਜੈਂਡਰ ਬਰਾਬਰੀ ਦੀ ਭਾਵਨਾ ਪੈਦਾ ਕਰਨ ਲਈ ਸਾਨੂੰ ਅਚੇਤ ਮਨ ਵਿਚ ਬੱਝੀਆਂ ਗੰਢਾਂ ਖੋਹਲਣੀਆਂ ਪੈਣਗੀਆਂ।ਇਸ ਮੌਕੇ ਡਾ. ਨਵਜੋਤ ਕੌਰ ਨੇ ਕਿਹਾ ਕਿ ਲੜਕੀਆਂ ਕਿਸੇ ਗੱਲੋਂ ਘੱਟ ਨਹੀਂ ਹਨ ਸਗੋਂ ਔਰਤਾਂ ਵੱਡੀਆਂ ਜ਼ਿੰਮੇਵਾਰੀਆਂ ਨੂੰ ਨਿਭਾਉਂਦਿਆਂ ਵਧੇਰੇ ਇਮਾਨਦਾਰ ਸਾਬਤ ਹੋਈਆਂ ਹਨ।

ਇਸ ਮੌਕੇ ਖਾਲਸਾ ਕਾਲਜ ਚਵਿੰਡਾ ਦੇਵੀ ਦੇ ਪ੍ਰਿੰਸੀਪਲ ਡਾ. ਐੱਚ. ਬੀ ਸਿੰਘ ਅਤੇ ਪਿੰਡ ਲਹਿਰਕਾ ਦੇ ਸਰਪੰਚ ਸ. ਪਰਮਜੀਤ ਸਿੰਘ, ਹੈੱਡਮਾਸਟਰ ਸ. ਗੁਰਦਰਸ਼ਨ ਸਿੰਘ ਤੇ ਹੋਰ ਮੋਹਤਬਰ ਸ਼ਖਸੀਅਤਾਂ ਨੇ ਕਾਲਜ ਦੀ ਸਮੁੱਚੀ ਟੀਮ ਨੂੰ ਪਿੰਡਾਂ ਵਿਚ ਜਾ ਕੇ ਲਿੰਗ ਸਮਾਨਤਾ ਪ੍ਰਤੀ ਜਾਗਰੂਕ ਕਰਨ ਲਈ ਸਿਰੋਪੇ ਭੇਂਟ ਕਰਕੇ ਸਨਮਾਨਿਤ ਵੀ ਕੀਤਾ।

ਇਸ ਮੌਕੇ ਖਾਲਸਾ ਕਾਲਜ ਚਵਿੰਡਾ ਦੇਵੀ ਦਾ ਸਮੁੱਚਾ ਸਟਾਫ, ਪਿੰਡ ਲਹਿਰਕਾ ਦੀ ਪੰਚਾਇਤ, ਸਕੂਲ ਦਾ ਸਟਾਫ ਅਤੇ ਵੱਡੀ ਗਿਣਤੀ ਵਿਚ ਪਿੰਡ ਵਾਸੀ ਅਤੇ ਕਲੱਬ ਮੈਂਬਰ ਵੀ ਹਾਜ਼ਰ ਸਨ।ਪਿੰਡ ਵਾਸੀਆਂ ਵੱਲੋਂ ਕਾਲਜ ਟੀਮ ਲਈ ਲੰਗਰ ਦਾ ਵਿਸ਼ੇਸ਼ ਪ੍ਰਬੰਧ ਵੀ ਕੀਤਾ ਗਿਆ।




ਪੜਿਆ ਬੂਝੈ ਸੋ ਪਰਵਾਣੁ ॥
ਸਰਕਾਰੀ ਐਲੀਮੈਂਟਰੀ ਸਕੂਲ
ਲਹਿਰਕਾ ਬਲਾਕ ਮਜੀਠਾ-2 (ਅੰਮ੍ਰਿਤਸਰ)



ਪੜ੍ਹਿਆ ਬੂਝੈ ਸੋ ਪਰਵਾਣੁ ॥
ਸਰਕਾਰੀ ਐਲੀਮੈਂਟਰੀ ਸਕੂਲ
ਲਹਿਰਕਾ ਬਲਾਕ ਮਜੀਠਾ-2 (ਅੰਮ੍ਰਿਤਸਰ)
KHALSA COLLEGE AMRITSAR
Presents
STREET PLAY
(ਨੁੱਕੜ ਨਾਟਕ)
on
GENDER EQUALITY
Organised by
GENDER CHAMPIONS CLUB